ਮਲਾਰ ਮਹਲਾ ੫ ॥ ਬਿਛੁਰਤ ਕਿਉ ਜੀਵੇ ਓਇ ਜੀਵਨ ॥ ਚਿਤਹਿ ਉਲਾਸ ਆਸ ਮਿਲਬੇ ਕੀ ਚਰਨ ਕਮਲ ਰਸ ਪੀਵਨ ॥੧॥ ਰਹਾਉ ॥ ਜਿਨ ਕਉ ਪਿਆਸ ਤੁਮਾਰੀ ਪ੍ਰੀਤਮ ਤਿਨ ਕਉ ਅੰਤਰੁ ਨਾਹੀ ॥ ਜਿਨ ਕਉ ਬਿਸਰੈ ਮੇਰੋ ਰਾਮੁ ਪਿਆਰਾ ਸੇ ਮੂਏ ਮਰਿ ਜਾਂਹੀਂ ॥ ੧॥ ਮਨਿ ਤਨਿ ਰਵਿ ਰਹਿਆ ਜਗਦੀਸੁਰ ਪੇਖਤ ਸਦਾ ਹਜੂਰੇ ॥ ਨਾਨਕ ਰਵਿ ਰਹਿਓ ਸਭ ਅੰਤਰਿ ਸਰਬ ਰਹਿਆ ਭਰਪੂਰੇ ॥੨॥੮॥੧੨॥ {ਪੰਨਾ 1268}

ਪਦ ਅਰਥ:- ਓਇ—(ਲਫ਼ਜ਼ 'ਓਹ' ਤੋਂ ਬਹੁ-ਵਚਨ) ਉਹ ਬੰਦੇ। ਚਿਤਹਿ—(ਜਿਨ੍ਹਾਂ ਦੇ) ਚਿੱਤ ਵਿਚ। ਉਲਾਸ—ਚਾਉ, ਤਾਂਘ। ਮਿਲਬੇ ਕੀ—ਮਿਲਣ ਦੀ। ਚਰਨ ਕਮਲ ਰਸ ਪੀਵਨ—ਪ੍ਰਭੂ ਦੇ ਸੋਹਣੇ ਚਰਨਾਂ ਦਾ ਰਸ ਪੀਣ (ਦੀ ਤਾਂਘ)।1। ਰਹਾਉ।

ਪ੍ਰੀਤਮ—ਹੇ ਪ੍ਰੀਤਮ! ਅੰਤਰੁ—ਵਿੱਥ (ਨਾਂਵ, ਇਕ-ਵਚਨ। ਲਫ਼ਜ਼ 'ਅੰਤਰੁ' ਅਤੇ 'ਅੰਤਰਿ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ)। ਮੂਏ—ਆਤਮਕ ਮੌਤੇ ਮਰੇ ਹੋਏ। ਮਰਿ ਜਾਂਹੀਂ—ਆਮਤਕ ਮੌਤ ਮਰ ਜਾਂਦੇ ਹਨ।1।

ਮਨਿ—ਮਨ ਵਿਚ। ਤਨਿ—ਤਨ ਵਿਚ। ਜਗਦੀਸੁਰ—(ਜਗਤ-ਈਸਰੁ) ਜਗਤ ਦਾ ਮਾਲਕ-ਪ੍ਰਭੂ। ਹਜੂਰੇ—ਹਾਜ਼ਰ ਨਾਜ਼ਰ, ਅੰਗ ਸੰਗ। ਰਵਿ ਰਹਿਓ—ਮੌਜੂਦ ਹੈ। ਸਰਬ—ਸਭਨਾਂ ਵਿਚ।2।

ਅਰਥ:- ਹੇ ਭਾਈ! (ਜਿਨ੍ਹਾਂ ਮਨੁੱਖਾਂ ਦੇ) ਚਿੱਤ ਵਿਚ ਪਰਮਾਤਮਾ ਨੂੰ ਮਿਲਣ ਦੀ ਅਤੇ ਉਸ ਦੇ ਸੋਹਣੇ ਚਰਨ-ਕਮਲਾਂ ਦਾ ਰਸ ਪੀਣ ਦੀ ਆਸ ਹੈ ਤੇ ਤਾਂਘ ਹੈ, ਉਹ ਮਨੁੱਖ ਉਸ ਤੋਂ ਵਿਛੋੜੇ ਦਾ ਜੀਵਨ ਕਦੇ ਨਹੀਂ ਜੀਉ ਸਕਦੇ।1। ਰਹਾਉ।

ਹੇ ਪ੍ਰੀਤਮ ਪ੍ਰਭੂ! ਜਿਨ੍ਹਾਂ ਮਨੁੱਖਾਂ ਦੇ ਅੰਦਰ ਤੇਰੇ ਦਰਸਨ ਦੀ ਤਾਂਘ ਹੈ, ਉਹਨਾਂ ਦੀ ਤੇਰੇ ਨਾਲੋਂ ਕੋਈ ਵਿੱਥ ਨਹੀਂ ਹੁੰਦੀ। ਪਰ, ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪਿਆਰਾ ਪ੍ਰਭੂ ਭੁੱਲ ਜਾਂਦਾ ਹੈ, ਉਹ ਆਤਮਕ ਮੌਤੇ ਮਰੇ ਰਹਿੰਦੇ ਹਨ, ਉਹ ਆਤਮਕ ਮੌਤੇ ਹੀ ਮਰ ਜਾਂਦੇ ਹਨ।1।

ਹੇ ਨਾਨਕ! (ਆਖ—ਹੇ ਭਾਈ!) ਜਗਤ ਦਾ ਮਾਲਕ ਪ੍ਰਭੂ ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਹਿਰਦੇ ਵਿਚ ਸਦਾ ਵੱਸਿਆ ਰਹਿੰਦਾ ਹੈ, ਉਹ ਉਸ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦੇ ਹਨ। (ਉਹਨਾਂ ਨੂੰ ਇਉਂ ਜਾਪਦਾ ਹੈ ਕਿ) ਪਰਮਾਤਮਾ ਸਭ ਜੀਵਾਂ ਦੇ ਅੰਦਰ ਮੌਜੂਦ ਹੈ, ਸਭ ਥਾਈਂ ਭਰਪੂਰ ਵੱਸਦਾ ਹੈ।2।8।12।